ਬਿਲਾਵਲੁ ਮਹਲਾ ੧ ॥ ਗੁਰ ਬਚਨੀ ਮਨੁ ਸਹਜ ਧਿਆਨੇ ॥ ਹਰਿ ਕੈ ਰੰਗਿ ਰਤਾ ਮਨੁ ਮਾਨੇ ॥ ਮਨਮੁਖ ਭਰਮਿ ਭੁਲੇ ਬਉਰਾਨੇ ॥ ਹਰਿ ਬਿਨੁ ਕਿਉ ਰਹੀਐ ਗੁਰ ਸਬਦਿ ਪਛਾਨੇ ॥੧॥ ਬਿਨੁ ਦਰਸਨ ਕੈਸੇ ਜੀਵਉ ਮੇਰੀ ਮਾਈ ॥ ਹਰਿ ਬਿਨੁ ਜੀਅਰਾ ਰਹਿ ਨ ਸਕੈ ਖਿਨੁ ਸਤਿਗੁਰਿ ਬੂਝ ਬੁਝਾਈ ॥ ੧॥ ਰਹਾਉ ॥ ਮੇਰਾ ਪ੍ਰਭੁ ਬਿਸਰੈ ਹਉ ਮਰਉ ਦੁਖਾਲੀ ॥ ਸਾਸਿ ਗਿਰਾਸਿ ਜਪਉ ਅਪੁਨੇ ਹਰਿ ਭਾਲੀ ॥ ਸਦ ਬੈਰਾਗਨਿ ਹਰਿ ਨਾਮੁ ਨਿਹਾਲੀ ॥ ਅਬ ਜਾਨੇ ਗੁਰਮੁਖਿ ਹਰਿ ਨਾਲੀ ॥੨॥ ਅਕਥ ਕਥਾ ਕਹੀਐ ਗੁਰ ਭਾਇ ॥ ਪ੍ਰਭੁ ਅਗਮ ਅਗੋਚਰੁ ਦੇਇ ਦਿਖਾਇ ॥ ਬਿਨੁ ਗੁਰ ਕਰਣੀ ਕਿਆ ਕਾਰ ਕਮਾਇ ॥ ਹਉਮੈ ਮੇਟਿ ਚਲੈ ਗੁਰ ਸਬਦਿ ਸਮਾਇ ॥੩॥ ਮਨਮੁਖੁ ਵਿਛੁੜੈ ਖੋਟੀ ਰਾਸਿ ॥ ਗੁਰਮੁਖਿ ਨਾਮਿ ਮਿਲੈ ਸਾਬਾਸਿ ॥ ਹਰਿ ਕਿਰਪਾ ਧਾਰੀ ਦਾਸਨਿ ਦਾਸ ॥ ਜਨ ਨਾਨਕ ਹਰਿ ਨਾਮ ਧਨੁ ਰਾਸਿ ॥ ੪॥੪॥

{ਪੰਨਾ 796}

ਪਦਅਰਥ:- ਗੁਰ ਬਚਨੀ—ਗੁਰੂ ਦੇ ਬਚਨਾਂ ਦੀ ਰਾਹੀਂ, ਗੁਰੂ ਦੇ ਬਚਨਾਂ ਤੇ ਤੁਰਿਆਂ। ਸਹਜ ਧਿਆਨੇ—ਸਹਜ ਧਿਆਨਿ, ਅਡੋਲਤਾ ਦੀ ਸਮਾਧੀ ਵਿਚ। ਰੰਗਿ—ਰੰਗ ਵਿਚ, ਪਿਆਰ ਵਿਚ। ਮਾਨੇ—ਮੰਨ ਜਾਂਦਾ ਹੈ, ਪਰਚ ਜਾਂਦਾ ਹੈ। ਮਨਮੁਖ—ਆਪਣੇ ਮਨ ਵਲ ਮੂੰਹ ਰੱਖਣ ਵਾਲੇ, ਆਪਣੇ ਮਨ ਦੇ ਪਿੱਛੇ ਤੁਰਨ ਵਾਲੇ। ਭਰਮਿ—ਭਟਕਣਾ ਵਿਚ। ਬਉਰਾਨੇ—ਕਮਲੇ, ਝੱਲੇ। ਕਿਉ ਰਹੀਐ—ਨਹੀਂ ਰਹਿ ਸਕੀਦਾ। ਗੁਰ ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਪਛਾਨੇ—ਪਛਾਣ, ਸਾਂਝ, ਮੇਲ-ਜੋਲ।1।

ਕੈਸੇ ਜੀਵਉ—ਮੈਂ ਨਹੀਂ ਜੀਊ ਸਕਦਾ। ਮਾਈ—ਹੇ ਮਾਂ! ਜੀਅਰਾ—ਨਿਮਾਣੀ ਜਿੰਦ। ਖਿਨੁ—ਰਤਾ ਕੁ ਸਮਾ ਭੀ। ਸਤਿਗੁਰਿ—ਸਤਿਗੁਰੂ ਨੇ। ਬੂਝ—ਅਕਲ, ਸਮਝ। ਬੁਝਾਈ—ਸਮਝਾ ਦਿੱਤੀ ਹੈ।1। ਰਹਾਉ।

ਹਉ ਮਰਉ—ਮੈਂ ਮਰਦੀ ਹਾਂ, ਮੇਰੀ ਜਿੰਦ ਵਿਆਕੁਲ ਹੋ ਜਾਂਦੀ ਹੈ। ਦੁਖਾਲੀ—ਦੁੱਖੀ। ਸਾਸਿ—ਇੱਕ ਸਾਹ ਨਾਲ। ਗਿਰਾਸਿ—ਇਕ ਗਿਰਾਹੀ ਨਾਲ। ਸਾਸਿ ਗਿਰਾਸਿ—ਇਕ ਇਕ ਸਾਹ ਤੇ ਗਿਰਾਹੀ ਨਾਲ, ਹਰ ਵੇਲੇ। ਭਾਲੀ—ਭਾਲੀਂ, ਮੈਂ ਭਾਲਦੀ ਹਾਂ, ਲੱਭਦੀ ਹਾਂ। ਬੈਰਾਗਨਿ—ਦੁਨੀਆ ਦੇ ਰਸਾਂ ਵਲੋਂ ਉਦਾਸ। ਨਿਹਾਲੀ—ਮੈਂ ਵੇਖਦੀ ਹਾਂ, ਨਜ਼ਰ ਰੱਖਦੀ ਹਾਂ। ਅਬ—ਹੁਣ। ਜਾਨੇ—ਜਾਣਿਆ ਹੈ, ਸਮਝ ਆਈ ਹੈ। ਗੁਰਮੁਖਿ—ਗੁਰੂ ਵਲ ਮੂੰਹ ਕੀਤਿਆਂ, ਗੁਰੂ ਦੀ ਰਾਹੀਂ। ਨਾਲੀ—ਨਾਲਿ, ਅੰਗ-ਸੰਗ।2।

ਅਕਥੁ—ਉਹ ਪ੍ਰਭੂ ਜਿਸ ਦੇ ਸਾਰੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ। ਅਕਥ ਕਥਾ—ਬੇਅੰਤ ਗੁਣਾਂ ਨਾਲੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਗੱਲ। ਕਹੀਐ—ਆਖੀ ਜਾ ਸਕਦੀ ਹੈ। ਭਾਉ—ਪ੍ਰੇਮ। ਭਾਇ—ਪ੍ਰੇਮ ਦੀ ਰਾਹੀਂ। ਗੁਰ ਭਾਇ—ਗੁਰੂ ਦੇ ਪ੍ਰੇਮ ਵਿਚ ਜੁੜਿਆਂ। ਦੇਇ ਦਿਖਇ—ਵਿਖਾਲ ਦੇਂਦਾ ਹੈ। ਗੁਰ ਕਰਣੀ—ਗੁਰੂ ਦੀ ਦੱਸੀ ਹੋਈ ਜੀਵਨ-ਜੁਗਤਿ। ਕਿਆ ਕਾਰ—ਹੋਰ ਕੋਈ ਕਾਰ ਨਹੀਂ। ਮੇਟਿ—ਮਿਟਾ ਕੇ। ਸਮਾਇ—ਲੀਨ ਹੋ ਕੇ।3।

ਮਨਮੁਖੁ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ। ਰਾਸਿ—ਪੂੰਜੀ। ਸਾਬਾਸਿ—ਸੋਭਾ। ਦਾਸਨਿ ਦਾਸ—ਦਾਸਾਂ ਦਾ ਦਾਸ, ਸੰਤ ਜਨਾਂ ਦਾ ਸੇਵਕ।4।

ਅਰਥ:- (ਜਦੋਂ ਤੋਂ) ਸਤਿਗੁਰੂ ਨੇ (ਮੈਨੂੰ) ਸੁਮਤਿ ਸਮਝਾ ਦਿੱਤੀ ਹੈ (ਤਦੋਂ ਤੋਂ) ਮੇਰੀ ਜਿੰਦ ਪ੍ਰਭੂ (ਦੀ ਯਾਦ) ਤੋਂ ਬਿਨਾ ਰਹਿ ਨਹੀਂ ਸਕਦੀ। ਹੇ ਮੇਰੀ ਮਾਂ! ਹੁਣ ਮੈਂ ਪ੍ਰਭੂ ਦੇ ਦਰਸ਼ਨ ਤੋਂ ਬਿਨਾ ਵਿਆਕੁਲ ਹੋ ਜਾਂਦੀ ਹਾਂ।1। ਰਹਾਉ।

ਗੁਰੂ ਦੇ ਬਚਨਾਂ ਉਤੇ ਤੁਰ ਕੇ ਜਿਨ੍ਹਾਂ ਦਾ ਮਨ ਅਡੋਲਤਾ ਦੀ ਸਮਾਧੀ ਲਾ ਲੈਂਦਾ ਹੈ (ਭਾਵ, ਵਿਕਾਰਾਂ ਵਲ ਡੋਲਣੋਂ ਹਟ ਜਾਂਦਾ ਹੈ) ਪਰਮਾਤਮਾ ਦੇ ਪ੍ਰੇਮ ਵਿਚ ਰੰਗਿਆ ਹੋਇਆ ਉਹ ਮਨ (ਪਰਮਾਤਮਾ ਦੀ ਯਾਦ ਵਿਚ ਹੀ) ਪਰਚਿਆ ਰਹਿੰਦਾ ਹੈ। (ਪਰ) ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਝੱਲੇ ਹੋਏ ਭਟਕਣਾਂ ਵਿਚ ਪੈ ਕੇ ਕੁਰਾਹੇ ਪਏ ਰਹਿੰਦੇ ਹਨ। ਗੁਰੂ ਦੇ ਸ਼ਬਦ ਦੀ ਰਾਹੀਂ ਜਿਨ੍ਹਾਂ ਦੀ ਸਾਂਝ (ਪ੍ਰਭੂ ਨਾਲ) ਬਣ ਜਾਂਦੀ ਹੈ ਉਹ ਪ੍ਰਭੂ (ਦੀ ਯਾਦ) ਤੋਂ

ਬਿਨਾ ਰਹਿ ਨਹੀਂ ਸਕਦੇ।1।

ਗੁਰੂ ਦੀ ਸ਼ਰਨ ਪੈ ਕੇ ਮੈਨੂੰ ਹੁਣ ਸਮਝ ਆਈ ਹੈ ਕਿ ਪਰਮਾਤਮਾ (ਹਰ ਵੇਲੇ) ਮੇਰੇ ਅੰਗ-ਸੰਗ ਹੈ, (ਹੁਣ ਜੇ ਕਦੇ) ਮੈਨੂੰ ਮੇਰਾ ਪ੍ਰਭੂ ਵਿੱਸਰ ਜਾਏ ਤਾਂ ਮੈਂ ਦੁੱਖੀ ਹੋ ਕੇ ਮਰਨ ਵਾਲੀ ਹੋ ਜਾਂਦੀ ਹਾਂ। ਮੈਂ ਇਕ ਇਕ ਸਾਹ ਤੇ ਗਿਰਾਹੀ ਦੇ ਨਾਲ (ਭੀ) ਆਪਣੇ ਪ੍ਰਭੂ ਨੂੰ ਯਾਦ ਕਰਦੀ ਹਾਂ ਤੇ ਉਸੇ ਨੂੰ ਭਾਲਦੀ ਰਹਿੰਦੀ ਹਾਂ। ਦੁਨੀਆ ਦੇ ਰਸਾਂ ਵਲੋਂ ਉਦਾਸ ਹੋ ਕੇ ਮੈਂ ਪ੍ਰਭੂ ਦੇ ਨਾਮ ਨੂੰ ਹੀ (ਆਪਣੀ ਨਿਗਾਹ ਵਿਚ) ਰੱਖਦੀ ਹਾਂ।2।

ਬੇਅੰਤ ਪ੍ਰਭੂ ਦੀ ਸਿਫ਼ਤਿ-ਸਾਲਾਹ ਗੁਰੂ ਦੇ ਅਨੁਸਾਰ ਰਿਹਾਂ ਹੀ ਕੀਤੀ ਜਾ ਸਕਦੀ ਹੈ। ਗੁਰੂ ਉਸ ਪ੍ਰਭੂ ਦਾ ਦੀਦਾਰ ਕਰਾ ਦੇਂਦਾ ਹੈ ਜੋ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ। ਗੁਰੂ ਦੀ ਦੱਸੀ ਹੋਈ ਜੀਵਨ-ਜੁਗਤਿ ਤੋਂ ਬਿਨਾ (ਆਤਮਕ ਜੀਵਨ ਦੇ ਰਸਤੇ ਦੀ) ਕੋਈ ਹੋਰ ਕਾਰ ਕਰਨੀ ਵਿਅਰਥ ਹੈ। ਜੋ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ, ਉਹ ਆਪਣੀ ਹਉਮੈ ਦੂਰ ਕਰ ਕੇ (ਜੀਵਨ-ਰਾਹ ਤੇ) ਤੁਰਦਾ ਹੈ।3।

ਜੋ ਮਨੁੱਖ (ਗੁਰੂ ਦੇ ਦੱਸੇ ਰਾਹ ਉਤੇ ਤੁਰਨ ਦੇ ਥਾਂ) ਆਪਣੇ ਮਨ ਦੇ ਪਿੱਛੇ ਤੁਰਦਾ ਹੈ, ਉਹ ਪ੍ਰਭੂ ਤੋਂ ਵਿਛੁੜਿਆ ਰਹਿੰਦਾ ਹੈ, ਉਸ ਦੇ ਪੱਲੇ (ਆਤਮਕ ਜੀਵਨ-ਸਫ਼ਰ ਵਾਸਤੇ) ਖੋਟੀ ਪੂੰਜੀ ਹੈ। ਜੋ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਉਹ ਪ੍ਰਭੂ ਦੇ ਨਾਮ ਵਿਚ ਜੁੜਿਆ ਰਹਿੰਦਾ ਹੈ, ਉਸ ਨੂੰ ਸੋਭਾ ਮਿਲਦੀ ਹੈ।

ਹੇ ਦਾਸ ਨਾਨਕ! ਪ੍ਰਭੂ ਮੇਹਰ ਕਰ ਕੇ ਜਿਸ ਨੂੰ ਆਪਣੇ ਸੇਵਕਾਂ ਦਾ ਦਾਸ ਬਣਾਂਦਾ ਹੈ, ਉਸ ਨੂੰ ਪ੍ਰਭੂ ਦਾ ਨਾਮ-ਧਨ ਮਿਲਦਾ ਹੈ, ਉਸ ਨੂੰ ਹਰਿ-ਨਾਮ ਦੀ ਪੂੰਜੀ ਮਿਲਦੀ ਹੈ।4। 4।